ਸਿਰੀਰਾਗੁ ਮਹਲਾ ੫ ॥ ਜਾ ਕਉ ਮੁਸਕਲੁ ਅਤਿ ਬਣੈ ਢੋਈ ਕੋਇ ਨ ਦੇਇ ॥ ਲਾਗੂ ਹੋਏ ਦੁਸਮਨਾ ਸਾਕ ਭਿ ਭਜਿ ਖਲੇ ॥ ਸਭੋ ਭਜੈ ਆਸਰਾ ਚੁਕੈ ਸਭੁ ਅਸਰਾਉ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਲਗੈ ਨ ਤਤੀ ਵਾਉ ॥੧॥ ਸਾਹਿਬੁ ਨਿਤਾਣਿਆ ਕਾ ਤਾਣੁ ॥ ਆਇ ਨ ਜਾਈ ਥਿਰੁ ਸਦਾ ਗੁਰ ਸਬਦੀ ਸਚੁ ਜਾਣੁ ॥੧॥ ਰਹਾਉ ॥ ਜੇ ਕੋ ਹੋਵੈ ਦੁਬਲਾ ਨੰਗ ਭੁਖ ਕੀ ਪੀਰ ॥ ਦਮੜਾ ਪਲੈ ਨਾ ਪਵੈ ਨਾ ਕੋ ਦੇਵੈ ਧੀਰ ॥ ਸੁਆਰਥੁ ਸੁਆਉ ਨ ਕੋ ਕਰੇ ਨਾ ਕਿਛੁ ਹੋਵੈ ਕਾਜੁ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਤਾ ਨਿਹਚਲੁ ਹੋਵੈ ਰਾਜੁ ॥੨॥ ਜਾ ਕਉ ਚਿੰਤਾ ਬਹੁਤੁ ਬਹੁਤੁ ਦੇਹੀ ਵਿਆਪੈ ਰੋਗੁ ॥ ਗ੍ਰਿਸਤਿ ਕੁਟੰਬਿ ਪਲੇਟਿਆ ਕਦੇ ਹਰਖੁ ਕਦੇ ਸੋਗੁ ॥ ਗਉਣੁ ਕਰੇ ਚਹੁ ਕੁੰਟ ਕਾ ਘੜੀ ਨ ਬੈਸਣੁ ਸੋਇ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਤਨੁ ਮਨੁ ਸੀਤਲੁ ਹੋਇ ॥੩॥ ਕਾਮਿ ਕਰੋਧਿ ਮੋਹਿ ਵਸਿ ਕੀਆ ਕਿਰਪਨ ਲੋਭਿ ਪਿਆਰੁ ॥ ਚਾਰੇ ਕਿਲਵਿਖ ਉਨਿ ਅਘ ਕੀਏ ਹੋਆ ਅਸੁਰ ਸੰਘਾਰੁ ॥ ਪੋਥੀ ਗੀਤ ਕਵਿਤ ਕਿਛੁ ਕਦੇ ਨ ਕਰਨਿ ਧਰਿਆ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਤਾ ਨਿਮਖ ਸਿਮਰਤ ਤਰਿਆ ॥੪॥ {ਪੰਨਾ 70}

ਪਦਅਰਥ:- ਕਉ—ਨੂੰ। ਅਤਿ—ਵਡੀ। ਮੁਸਕਲੁ—ਬਿਪਤਾ। ਢੋਈ—ਆਸਰਾ। ਲਾਗੂ—ਮਾਰੂ। ਭਜਿ ਖਲੇ—ਦੌੜ ਗਏ। ਚੁਕੈ—ਮੁੱਕ ਜਾਏ। ਅਸਰਾਉ—ਆਸਰਾ। ਓਸੁ ਚਿਤਿ—ਉਸ ਦੇ ਚਿੱਤ ਵਿੱਚ।1।

ਆਇ ਨ ਜਾਈ—ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ। ਥਿਰੁ—ਕਾਇਮ ਰਹਿਣ ਵਾਲਾ। ਸਚੁ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ। ਜਾਣੁ—ਜਾਣ-ਪਛਾਣ ਪਾ, ਡੂੰਘੀ ਸਾਂਝ ਬਣਾ।1। ਰਹਾਉ।

ਦੁਬਲਾ—ਕਮਜ਼ੋਰ। ਪੀਰ—ਪੀੜਾ, ਦੁੱਖ। ਧੀਰ—ਧੀਰਜ, ਹੌਸਲਾ, ਧਰਵਾਸ। ਸੁਆਰਥੁ—ਆਪਣੀ ਗ਼ਰਜ਼। ਸੁਆਉ—ਸੁਆਰਥ, ਮਨੋਰਥ। ਨਿਹਚਲੁ—ਅਟੱਲ।2।

ਦੇਹੀ—ਸਰੀਰ (ਨੂੰ)। ਵਿਆਪੈ—ਜ਼ੋਰ ਪਾ ਲਏ। ਗ੍ਰਿਸਤਿ—ਗ੍ਰਿਹਸਤ ਵਿਚ। ਹਰਖੁ—ਖ਼ੁਸ਼ੀ। ਸੋਗੁ—ਚਿੰਤਾ। ਗਉਣੁ—ਗਮਨ, ਭ੍ਰਮਨ। ਬੈਸਣੁ—ਬੈਠਣਾ, ਆਰਾਮ। ਸੋਇ—ਉਹ ਮਨੁੱਖ।3।

ਕਾਮਿ—ਕਾਮ ਨੇ। ਮੋਹਿ—ਮੋਹ ਨੇ। ਕਿਰਪਨ—ਕੰਜੂਸ। ਲੋਭਿ—ਲੋਭ ਵਿਚ। ਕਿਲਵਿਖ—ਪਾਪ। ਉਨਿ—ਉਸ ਨੇ। ਅਘ—ਪਾਪ। ਚਾਰੇ ਕਿਲਵਿਖ—{ਬ੍ਰਾਹਮਣ ਕੈਲੀ ਘਾਤ ਕੰਞਕਾ, ਅਣਚਾਰੀ ਕਾ ਧਾਨੁ}। ਅਸੁਰ ਸੰਘਾਰੁ—ਸੰਘਾਰਨ ਜੋਗ ਅਸੁਰ। ਕਰਨਿ—ਕੰਨ ਵਿਚ। ਕਰਨਿ ਧਰਿਆ—ਸੁਣਿਆ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ।4।

ਅਰਥ:- ਮਾਲਕ-ਪ੍ਰਭੂ ਕਮਜ਼ੋਰਾਂ ਦਾ ਸਹਾਰਾ ਹੈ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ, ਸਦਾ ਹੀ ਕਾਇਮ ਰਹਿਣ ਵਾਲਾ ਹੈ। (ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਬਣਾ।1। ਰਹਾਉ।

ਜਿਸ ਮਨੁੱਖ ਨੂੰ (ਕੋਈ) ਭਾਰੀ ਬਿਪਤਾ ਆ ਪਏ (ਜਿਸ ਤੋਂ ਬਚਣ ਲਈ) ਕੋਈ ਮਨੁੱਖ ਉਸ ਨੂੰ ਸਹਾਰਾ ਨਾਹ ਦੇਵੇ, ਵੈਰੀ ਉਸ ਦੇ ਮਾਰੂ ਬਣ ਜਾਣ, ਉਸ ਦੇ ਸਾਕ-ਸਨਬੰਧੀ ਉਸ ਤੋਂ ਪਰੇ ਦੌੜ ਜਾਣ, ਉਸ ਦਾ ਹਰੇਕ ਕਿਸਮ ਦਾ ਆਸਰਾ ਖ਼ਤਮ ਹੋ ਜਾਏ, ਹਰੇਕ ਤਰ੍ਹਾਂ ਦਾ ਸਹਾਰਾ ਮੁੱਕ ਜਾਏ, ਜੇ ਉਸ (ਬਿਪਤਾ-ਮਾਰੇ) ਮਨੁੱਖ ਦੇ ਹਿਰਦੇ ਵਿਚ ਪਰਮਾਤਮਾ (ਯਾਦ) ਆ ਜਾਏ, ਤਾ ਉਸ ਦਾ ਵਾਲ ਭੀ ਵਿੰਗਾ ਨਹੀਂ ਹੁੰਦਾ।1।

ਜੇ ਕੋਈ ਮਨੁੱਖ (ਅਜੇਹਾ) ਕਮਜ਼ੋਰ ਹੋ ਜਾਏ (ਕਿ) ਭੁੱਖ ਨੰਗ ਦਾ ਦੁੱਖ (ਉਸ ਨੂੰ ਹਰ ਵੇਲੇ ਖਾਂਦਾ ਰਹੇ), ਜੇ ਉਸ ਦੇ ਪੱਲੇ ਪੈਸਾ ਨਾਹ ਹੋਵੇ, ਕੋਈ ਮਨੁੱਖ ਉਸ ਨੂੰ ਹੌਸਲਾ ਨਾ ਦੇਵੇ; ਕੋਈ ਮਨੁੱਖ ਉਸ ਦੀ ਲੋੜ-ਗ਼ਰਜ਼ ਪੂਰੀ ਨਾਹ ਕਰੇ, ਉਸ ਪਾਸੋਂ ਆਪਣਾ ਕੋਈ ਕੰਮ ਸਿਰੇ ਨਾਹ ਚੜ੍ਹ ਸਕੇ (ਅਜੇਹੀ ਦੁਰਦਸ਼ਾ ਵਿਚ ਹੁੰਦਿਆਂ ਭੀ) ਜੇ ਪਰਮਾਤਮਾ ਉਸ ਦੇ ਚਿੱਤ ਵਿਚ ਆ ਵੱਸੇ, ਤਾਂ ਉਸ ਦਾ ਅਟੱਲ ਰਾਜ ਬਣ ਜਾਂਦਾ ਹੈ (ਭਾਵ, ਉਸ ਦੀ ਆਤਮਕ ਅਵਸਥਾ ਅਜੇਹੇ ਬਾਦਸ਼ਾਹਾਂ ਵਾਲੀ ਹੋ ਜਾਂਦੀ ਹੈ ਜਿਨ੍ਹਾਂ ਦਾ ਰਾਜ ਕਦੇ ਨਾਹ ਡੋਲੇ)।2।

ਜਿਸ ਮਨੁੱਖ ਨੂੰ ਹਰ ਵੇਲੇ ਬੜੀ ਚਿੰਤਾ ਬਣੀ ਰਹੇ, ਜਿਸ ਦੇ ਸਰੀਰ ਨੂੰ (ਕੋਈ ਨ ਕੋਈ) ਰੋਗ ਗ੍ਰਸੀ ਰੱਖੇ, ਜੇਹੜਾ ਗ੍ਰਿਹਸਤ (ਦੇ ਜੰਜਾਲ) ਵਿਚ ਪਰਵਾਰ (ਦੇ ਜੰਜਾਲ) ਵਿਚ (ਸਦਾ) ਫਸਿਆ ਰਹੇ, ਜਿਸ ਨੂੰ ਕਦੇ ਕੋਈ ਖ਼ੁਸ਼ੀ ਹੈ ਤੇ ਕਦੇ ਕੋਈ ਗ਼ਮ ਘੇਰੀ ਰਖਦਾ ਹੈ, ਜੇਹੜਾ ਮਨੁੱਖ ਸਾਰੀ ਧਰਤੀ ਉੱਤੇ ਇਸ ਤਰ੍ਹਾਂ ਭਟਕਦਾ ਫਿਰਦਾ ਹੈ ਕਿ ਉਸ ਨੂੰ ਘੜੀ ਭਰ ਬਹਿਣਾ ਭੀ ਨਸੀਬ ਨਹੀਂ ਹੁੰਦਾ, ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿੱਚ ਆ ਵੱਸੇ, ਤਾਂ ਉਸ ਦਾ ਤਨ ਸ਼ਾਂਤ ਹੋ ਜਾਂਦਾ ਹੈ ਉਸ ਦਾ ਮਨ (ਸੰਤੋਖ ਨਾਲ) ਠੰਢਾ-ਠਾਰ ਹੋ ਜਾਂਦਾ ਹੈ।3।

ਜੇ ਕਿਸੇ ਮਨੁੱਖ ਨੂੰ ਕਾਮ ਨੇ ਕ੍ਰੋਧ ਨੇ ਮੋਹ ਨੇ ਆਪਣੇ ਵੱਸ ਵਿਚ ਕੀਤਾ ਹੋਇਆ ਹੋਵੇ, ਜੇ ਉਸ ਸ਼ੂਮ ਦਾ ਪਿਆਰ (ਸਦਾ) ਲੋਭ ਵਿਚ ਹੀ ਹੋਵੇ, ਜੇ ਉਸ ਨੇ (ਉਹਨਾਂ ਵਿਕਾਰਾਂ ਦੇ ਵੱਸ ਹੋ ਕੇ) ਚਾਰੇ ਹੀ ਉੱਘੇ ਪਾਪ-ਅਪਰਾਧ ਕੀਤੇ ਹੋਏ ਹੋਣ, ਜੇ ਉਹ ਅਜੇਹਾ ਭੈੜਾ ਹੋ ਗਿਆ ਹੋਵੇ ਕਿ ਉਸ ਦਾ ਮਾਰ ਦੇਣਾ ਹੀ ਚੰਗਾ ਹੋਵੇ, ਜੇ ਉਸ ਨੇ ਕਦੇ ਭੀ ਕੋਈ ਧਰਮ-ਪੁਸਤਕ ਕੋਈ ਧਰਮ-ਗੀਤ ਕੋਈ ਧਾਰਮਿਕ

ਕਵਿਤਾ ਸੁਣੀ ਨਾਹ ਹੋਵੇ, ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿਚ ਆ ਵੱਸੇ, ਤਾਂ ਉਹ ਅੱਖ ਦੇ ਫੋਰ ਜਿਤਨੇ ਜਿਤਨੇ ਸਮੇ ਲਈ ਹੀ ਪ੍ਰਭੂ ਦਾ ਸਿਮਰਨ ਕਰ ਕੇ (ਇਹਨਾਂ ਸਾਰੇ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।4।